# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :06-12-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਡੇਅਰੀ ਸੈਕਟਰ ਵਿੱਚ ਸਰਕੂਲਰ ਅਰਥਵਿਵਸਥਾ ਰਾਹੀਂ ਪਸ਼ੂ ਪਾਲਕਾਂ ਦੀ ਆਮਦਨ 20 ਫੀਸਦੀ ਵਧਾਉਣ ਦੀ ਯੋਜਨਾ ਦਾ ਐਲਾਨ ਕੀਤੈ.
- ਰਾਸ਼ਟਰ ਅੱਜ ਭਾਰਤ ਰਤਨ ਡਾ. B. R. AMBEDKAR ਨੂੰ ਓਹਨਾਂ ਦੇ 70ਵੇਂ ਮਹਾਪਰੀਨਿਰਵਾਣ ਦਿਵਸ ‘ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ.
- ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਵਜੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਦੇ ਸਕੂਲਾਂ ਵਿੱਚ ਤਿੰਨ-ਰੋਜ਼ਾ ਵਿਦਿਅਕ ਸੈਸ਼ਨ ਕਰਵਾਏ ਜਾਣਗੇ
- ਮੌਸਮ ਵਿਭਾਗ ਨੇ ਪੰਜਾਬ, ਚੰਡੀਗੜ੍ਹ, ਤੇ ਹਰਿਆਣਾ ਵਿੱਚ ਸੀਤ ਲਹਿਰ ਦੀ ਸੰਭਾਵਨਾ ਪ੍ਰਗਟਾਈ ਏ।

- ਭਾਰਤ ਨੇ FIH ਦੇ ਔਰਤਾਂ ਦੇ ਜੂਨੀਅਰ ਵਿਸ਼ਵ ਕੱਪ ਵਿੱਚ ਆਪਣੇ ਆਖਰੀ ਪੂਲ C ਮੈਚ ਵਿੱਚ ਆਇਰਲੈਂਡ ਉੱਤੇ 4-0 ਦੀ ਸ਼ਾਨਦਾਰ ਜਿੱਤ ਦਰਜ ਕੀਤੀ।

## ਹੁਣ ਖਬਰਾਂ ਵਿਸਥਾਰ ਨਾਲ

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਅੱਜ ਐਲਾਨ ਕੀਤਾ ਏ ਕਿ ਸਰਕਾਰ ਡੇਅਰੀ ਸੈਕਟਰ ਵਿੱਚ ਇੱਕ ਸਰਕੂਲਰ ਆਰਥਿਕਤਾ ਮਾਡਲ ਲਾਗੂ ਕਰਕੇ ਅਗਲੇ ਪੰਜ ਸਾਲਾਂ ਵਿੱਚ ਪਸ਼ੂ ਪਾਲਕਾਂ ਦੀ ਆਮਦਨ ਨੂੰ ਵੀਹ ਫੀਸਦੀ ਵਧਾਉਣ ਦਾ ਟੀਚਾ ਰੱਖ ਰਹੀ ਏ । ਮੰਤਰੀ ਨੇ ਇਹ ਐਲਾਨ ਗੁਜਰਾਤ'ਚ ਬਨਾਸ ਡੇਅਰੀ ਦੇ ਇੱਕ ਬਾਇਓ-ਸੀਐਨਜੀ ਅਤੇ ਖਾਦ ਪਲਾਂਟ ਦਾ ਉਦਘਾਟਨ ਕਰਨ ਅਤੇ ਬਨਾਸ ਡੇਅਰੀ ਦੇ ਇੱਕ ਅਤਿ-ਆਧੁਨਿਕ 150 ਟੀਪੀਡੀ ਦੁੱਧ ਪਾਊਡਰ ਅਤੇ ਬੇਬੀ ਫੂਡ ਪਲਾਂਟ ਲਈ ਨੀਂਹ ਪੱਥਰ ਰਖਣ ਦੀ ਰਸਮ ਨਿਭਾਉਣ ਤੋਂ ਬਾਅਦ, ਸਨਾਦਰ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ. ਮੰਤਰੀ ਨੇ ਚਾਰ ਪ੍ਰਮੁੱਖ ਟੀਚਿਆਂ, ਰਾਸ਼ਟਰੀ ਗੋਕੁਲ ਮਿਸ਼ਨ, ਪਸ਼ੂ ਪਾਲਣ ਬੁਨਿਆਦੀ ਢਾਂਚਾ, ਪਸ਼ੂਆਂ ਦੀਆਂ ਬੀਮਾਰਿਆਂ ਦੇ ਕੰਟ੍ਰੋਲ ਬਾਰੇ ਰਾਸ਼ਟਰੀ ਪ੍ਰੋਗਰਾਮ, ਅਤੇ ਸੋਧੇ ਹੋਏ ਡੇਅਰੀ ਵਿਕਾਸ'ਤੇ

ਕੇਂਦ੍ਰਿਤ, ਸਫੇਦ ਇਨਕਲਾਬ ਦੇ ਦੂਜੇ ਗੇੜ੍ਹ ਦੀ ਸਫਲਤਾ ਨੂੰ ਯਕੀਨੀ ਬਣਾਉਣ ਦਾ ਅਹਿਦ ਲਿਆ.

---------------------------------------------------------------------------

ਦੇਸ਼ ਅੱਜ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਉਨ੍ਹਾਂ ਦੀ 70ਵੀਂ ਬਰਸੀ, ਮਹਾਪਰਿਨਿਰਵਾਣ ਦਿਵਸ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ. ਰਾਸ਼ਟਰ ਨਿਰਮਾਣ ਵਿੱਚ ਬਾਬਾ ਸਾਹਿਬ ਦੇ ਵਿਲੱਖਣ ਯੋਗਦਾਨ ਨੂੰ ਉਜਾਗਰ ਕਰਨ ਲਈ ਕਈ ਪ੍ਰੋਗਰਾਮ ਕਰਾਏ ਜਾ ਰਹੇ ਨੇ. ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਮੰਤਰਾਲੇ ਤਹਿਤ ਡਾ. ਅੰਬੇਡਕਰ ਫਾਊਂਡੇਸ਼ਨ ਵਲੋਂ ਹਰ ਸਾਲ ਮਹਾਪਰਿਨਿਰਵਾਣ ਦਿਵਸ ਮਨਾਇਆ ਜਾਂਦਾ ਏ । ਇਸ ਮੌਕੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕਈ ਹੋਰ ਪ੍ਰਮੁੱਖ ਨੇਤਾਵਾਂ ਨੇ ਅੱਜ ਨਵੀਂ ਦਿੱਲੀ ਵਿੱਚ ਡਾ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਬਾਬਾ ਸਾਹਿਬ ਅੰਬੇਡਕਰ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਸਨ, ਜਿਨ੍ਹਾਂ ਦਾ ਸਮਾਜਿਕ ਨਿਆਂ, ਸਮਾਨਤਾ ਅਤੇ ਲੋਕਤੰਤਰ ਦਾ ਦ੍ਰਿਸ਼ਟੀਕੋਣ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹਿੰਦਾ ਏ । ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸੰਵਿਧਾਨ ਦੇ ਨਿਰਮਾਤਾ, ਬਾਬਾ ਸਾਹਿਬ ਭੀਮ ਰਾਓ AMBEDKAR ਨੂੰ ਓਹਨਾਂ ਦੀ

ਬਰਸੀ ਮੌਕੇ ਨਮਨ ਕੀਤਾ ਏ. ਇਸ ਮੌਕੇ ਇੱਕ ਸੋਸ਼ਲ ਮੀਡਿਆ ਪੋਸਟ ‘ਚ ਓਹਨਾਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਗਰੀਬਾਂ ਦਲਿਤਾਂ, ਪਛੜੀਆਂ ਸ਼੍ਰੇਣੀਆਂ ਅਤੇ ਔਰਤਾਂ ਨੂੰ ਸੰਵਿਧਾਨਕ ਤੌਰ ‘ਤੇ ਬਰਾਬਰੀ ਦਾ ਹੱਕ ਦਿਵਾਉਣ ਲਈ ਜੀਵਨ ਭਰ ਕੀਤੇ ਸੰਘਰਸ਼ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ.

---------------------------------------------------------------------------

ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਦਾ 70ਵਾਂ ਮਹਾਪਰਿਨਿਰਵਾਣ ਦਿਵਸ ਅੱਜ ਜਲੰਧਰ ਵਿਖੇ ਪੂਰੇ ਸਤਿਕਾਰ ਨਾਲ ਮਨਾਇਆ ਗਿਆ। ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ, ਐਲ. ਮੁਰੂਗਨ ਨੇ ਭਾਰਤ ਗੌਰਵ ਵਲੋਂ ਕਰਾਏ ਗਏ ਸਮਾਗਮ ਵਿੱਚ ਹਿੱਸਾ ਲਿਆ ਅਤੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਂਟ ਕੀਤੀ । ਉਨ੍ਹਾਂ ਦੇ ਨਾਲ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ, ਭਾਜਪਾ ਸੂਬਾ ਮਹਾਮੰਤਰੀ, ਰਾਕੇਸ਼ ਰਾਠੋੜ ਅਤੇ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ, ਅਸ਼ਵਨੀ ਸ਼ਰਮਾ ਅਤੇ ਹੋਰ ਵੀ ਮੌਜੂਦ ਸਨ। ਮੰਤਰੀ ਨੇ ਕਿਹਾ ਕਿ ਡਾ. ਅੰਬੇਡਕਰ ਸਕੂਲ ਵਿੱਚ ਛੂਤ-ਛਾਤ ਦਾ ਸਾਹਮਣਾ ਕਰਨ ਦੇ ਬਾਵਜੂਦ ਖੁਦ ਬੈਰਿਸਟਰ ਬਣੇ ਅਤੇ ਦੇਸ਼ ਅਤੇ ਦੱਬੇ-ਕੁਚਲੇ ਸਮਾਜ ਦੀ ਸੇਵਾ ਕਰਨ ਲਈ ਲੰਡਨ ਤੋਂ ਭਾਰਤ ਵਾਪਸ ਆਏ। ਸ਼੍ਰੀ ਮੁਰੂਗਨ ਨੇ ਕਿਹਾ ਕਿ ਸੰਵਿਧਾਨ ਖਰੜਾ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਲ-ਨਾਲ, ਉਹ ਇੱਕ ਉੱਘੇ

ਅਰਥਸ਼ਾਸਤਰੀ ਵੀ ਸਨ ਜਿਨ੍ਹਾਂ ਨੇ ਭਾਰਤੀ ਰਿਜ਼ਰਵ ਬੈਂਕ ਦੀ ਸੰਸਥਾ ਦੀ ਸਿਫਾਰਸ਼ ਕੀਤੀ ਸੀ। ਉਨ੍ਹਾਂ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਨੇ ਉਨ੍ਹਾਂ ਦੇ ਵਿਰਸੇ ਨੂੰ ਅੱਗੇ ਵਧਾਉਣ ਲਈ ਲੋੜੀਂਦਾ ਯਤਨ ਨਹੀਂ ਕੀਤਾ-

BYTE

ਬਾਅਦ ਵਿੱਚ ਇੰਡੀਗੋ ਉਡਾਣਾਂ ਵਿੱਚ ਵਿਘਨ ਦੇ ਮੁੱਦੇ 'ਤੇ ਮੀਡੀਆ ਨਾਲ ਗੱਲ ਕਰਦਿਆਂ, ਉਨ੍ਹਾਂ ਕਿਹਾ ਕਿ ਸ਼ਹਿਰੀ ਹਵਾਬਾਜ਼ੀ ਮੰਤਰੀ ਨੇ ਸਬੰਧਤ ਅਧਿਕਾਰੀਆਂ ਨਾਲ ਇਸ ਮੁੱਦੇ ਨੂੰ ਜਲਦ ਤੋਂ ਜਲਦ ਹੱਲ ਕਰਨ ਲਈ ਗੱਲ ਕੀਤੀ ਏ ਅਤੇ ਅੱਜ ਤੋਂ ਆਉਣ ਵਾਲੇ ਕੁਝ ਦਿਨਾਂ ਵਿੱਚ ਹਾਲਾਤ ਸੁਧਰ ਜਾਣਗੇ. ਉਨ੍ਹਾਂ ਦਾ ਜਲੰਧਰ ਵਿੱਚ ਸਵਾਮੀ ਮੋਹਨ ਦਾਸ ਮਾਡਲ ਸਕੂਲ ਦੇ ਸਾਲਾਨਾ ਸਮਾਗਮ ਵਿੱਚ ਵੀ ਹਿੱਸਾ ਲੈਣ ਦਾ ਪ੍ਰੋਗਰਾਮ ਏ । ਪੰਜਾਬ ਦੇ ਬਾਗਬਾਨੀ, ਆਜ਼ਾਦੀ ਘੁਲਾਟੀਆਂ ਅਤੇ ਰੱਖਿਆ ਸੇਵਾਵਾਂ ਦੀ ਭਲਾਈ ਬਾਰੇ ਮੰਤਰੀ ਮੋਹਿੰਦਰ ਭਗਤ, ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਮੇਅਰ ਵਿਨੀਤ ਧੀਰ, ਚੇਅਰਮੈਨ ਪੰਜਾਬ ਮੁਸਲਿਮ ਵੈੱਲਫੇਅਰ ਡਿਵੈਲਪਮੈਂਟ ਬੋਰਡ ਅਬਦੁਲ ਬਾਹਰੀ ਸਲਮਾਨੀ ਅਤੇ ਸੀਨੀਅਰ 'ਆਪ' ਆਗੂ ਨਿਤਿਨ ਕੋਹਲੀ ਵੱਲੋਂ ਵੀ ਅੱਜ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਜੀ ਨੂੰ ਉਨ੍ਹਾਂ ਦੇ ਮਹਾਪ੍ਰੀਨਿਰਵਾਣ ਦਿਵਸ ’ਤੇ ਜਲੰਧਰ ਦੇ ਡਾ. ਬੀ.ਆਰ. ਅੰਬੇਡਕਰ

ਚੌਕ ਵਿਖੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਅੰਮ੍ਰਿਤਸਰ ਵਿੱਚ ਵੀ ਕਾਂਗਰਸ ਪਾਰਟੀ ਵਲੋਂ ਵੀ, ਸੰਵਿਧਾਨ ਦੇ ਮੁਖ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ  ਮਹਾਪਰਿਨਿਰਵਾਣ ਦਿਵਸ 'ਤੇ ਸ਼ਰਧਾਂਜਲੀਆਂ ਦਿੱਤੀਆਂ ਗਈਆਂ.

--------------------------------------------------------------------------------

ਦੇਸ਼ ਦੇ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਸ੍ਰੀ ਕੋਵਿੰਦ ਨੇ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਕੀਤੀ ਅਤੇ ਸਰਬਤ ਦੇ ਭਲੇ ਲਈ ਅਰਦਾਸ ਕੀਤੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਸਾਬਕਾ ਰਾਸ਼ਟਰਪਤੀ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਕਿਤਾਬਾਂ  ਦਾ ਸੈੱਟ ਭੇਟ ਕਰ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਕੋਵਿੰਦ ਨੇ ਕਿਹਾ

Byte

ਇਸ ਤੋਂ ਪਹਿਲਾਂ ਬੀਤੇ ਕੱਲ੍ਹ ਸਾਬਕਾ ਰਾਸ਼ਟਰਪਤੀ ਆਪਣੇ ਪਰਿਵਾਰ ਸਮੇਤ ਅੰਮ੍ਰਿਤਸਰ ਵਿਚ ਪਾਈਟੈਕਸ ਅੰਤਰਰਾਸ਼ਟਰੀ ਮੇਲੇ ਦਾ ਰਸਮੀ ਉਦਘਾਟਨ ਕਰਨ ਪਹੁੰਚੇ.

---

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਵਜੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਦੇ ਸਕੂਲਾਂ ਵਿੱਚ ਤਿੰਨ-ਰੋਜ਼ਾ ਵਿਦਿਅਕ ਸੈਸ਼ਨ ਕਰਵਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਨੂੰ ਸ਼ਾਨਾਮੱਤੇ ਸਿੱਖ ਇਤਿਹਾਸ ਅਤੇ ਬਹਾਦਰੀ ਵਾਲੇ ਅਮੀਰ ਵਿਰਸੇ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਦੇ ਜੀਵਨ ਅਤੇ ਸ਼ਹਾਦਤ ਬਾਰੇ ਵਿਸ਼ੇਸ਼ ਤੌਰ ’ਤੇ ਵਿਦਿਅਕ ਪ੍ਰੋਗਰਾਮ ਤਿਆਰ ਕੀਤਾ ਜਾ ਰਿਹਾ ਏ ਅਤੇ ਪੰਜਾਬ ਦੇ ਸਾਰੇ ਵਿੱਚ 22 ਤੋਂ 24 ਦਸੰਬਰ, 2025 ਤੱਕ ਸਵੇਰ ਦੀ ਸਭਾ ਵਿੱਚ 15 ਮਿੰਟ ਦਾ ਵਿਸ਼ੇਸ਼ ਸੈਸ਼ਨ ਕਰਵਾਇਆ ਜਾਵੇਗਾ। ਸ੍ਰੀ ਬੈਂਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਇਨ੍ਹਾਂ ਸੈਸ਼ਨਾਂ ਵਿੱਚ ਵਰਤੀ ਜਾਣ ਵਾਲੀ ਵਿਦਿਅਕ ਸਮੱਗਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਤੋਂ ਪ੍ਰਮਾਣਿਤ ਹੋਵੇ | ਉਨ੍ਹਾਂ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਸਦਰਮੁਕਾਮ ਵਿਖੇ 22 ਤੋਂ 24 ਦਸੰਬਰ, 2025 ਤੱਕ ਸਕੂਲੀ ਵਿਦਿਆਰਥੀਆਂ ਵਲੋਂ ਸ਼ਾਮ 4:00 ਵਜੇ ਤੋਂ 6:00 ਵਜੇ ਤੱਕ ਕੀਰਤਨ ਦਰਬਾਰ ਸਜਾਉਣ ਤੋਂ ਇਲਾਵਾ ਸਿੱਖ ਸ਼ਹੀਦਾਂ ਨੂੰ

ਸ਼ਰਧਾਂਜਲੀ ਦੇਣ ਲਈ ਧਾਰਮਿਕ ਅਤੇ ਇਤਿਹਾਸਕ ਸਮਾਰੋਹ ਵੀ ਕਰਵਾਏ ਜਾਣਗੇ।

--------------------------------------------------------------------------------

ਭਾਰਤੀ ਫੌਜ ਨੇ 54ਵੇਂ ਡੀਬੀਐਨ ਦਿਹਾੜੇ ਮੌਕੇ ਪੰਜਾਬ ਦੇ ਡੇਰਾ ਬਾਬਾ ਨਾਨਕ ਵਿਖੇ 1971 ਦੇ 'ਓਪਰੇਸ਼ਨ ਅਕਾਲ' ਵਿੱਚ ਹਿੱਸਾ ਲੈਣ ਵਾਲੇ ਡੋਗਰਾਈ ਬ੍ਰਿਗੇਡ ਦੇ ਵੀਰ ਯੋਧਿਆਂ ਦੀ ਬਹਾਦਰੀ ਨੂੰ ਨਮਨ ਕਰਦੇ ਹੋਏ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

--------------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਜ਼ਿਲ੍ਹੇ ਵਿੱਚ ਚੱਲ ਰਹੇ ਦਿੱਲੀ-ਕਟੜਾ ਐਕਸਪ੍ਰੈਸਵੇਅ, ਅੰਮ੍ਰਿਤਸਰ-ਬਠਿੰਡਾ ਪ੍ਰੋਜੈਕਟ, ਅਤੇ ਫਗਵਾੜਾ-ਹੁਸ਼ਿਆਰਪੁਰ ਸ਼ਾਹਰਾਹ ਸਮੇਤ ਮੁੱਖ ਸ਼ਾਹਰਾਹ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ।

--------------------------------------------------------------------------------

ਪੰਜਾਬ 'ਚ ਸੀਤ ਲਹਿਰ ਦੀ ਮਾਰ ਜਾਰੀ ਏ. ਮੌਸਮ ਵਿਭਾਗ ਨੇ ਸੂਬੇ ਦੇ ਨਾਲ – ਨਾਲ, ਚੰਡੀਗੜ੍ਹ, ਹਰਿਆਣਾ, ਤੇ ਦਿੱਲੀ, ਵਿੱਚ ਸੀਤ ਲਹਿਰ ਚਲਣ ਦੀ ਸੰਭਾਵਨਾ ਜਤਾਈ ਏ. ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਦੇ

ਨਾਲ-ਨਾਲ ਹਿਮਾਚਲ ਪ੍ਰਦੇਸ਼ ਵਿੱਚ ਇਸ ਮਹੀਨੇ ਦੀ 10 ਤਰੀਕ ਤੱਕ ਸਵੇਰ ਸਮੇਂ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਏ.

---------------------------------------------------------------------------------------

ਭਾਰਤ ਦੀ ਔਰਤਾਂ ਦੀ ਹਾਕੀ ਟੀਮ ਨੇ ਸੈਂਟੀਆਗੋ ਵਿੱਚ FIH ਦੇ ਔਰਤਾਂ ਦੇ ਜੂਨੀਅਰ ਵਿਸ਼ਵ ਕੱਪ ਵਿੱਚ ਆਪਣੇ ਆਖਰੀ ਪੂਲ C ਮੈਚ ਵਿੱਚ ਆਇਰਲੈਂਡ ਉੱਤੇ 4-0 ਦੀ ਸ਼ਾਨਦਾਰ ਜਿੱਤ ਦਰਜ ਕੀਤੀ।

---------------------------------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਡੇਅਰੀ ਸੈਕਟਰ ਵਿੱਚ ਸਰਕੂਲਰ ਅਰਥਵਿਵਸਥਾ ਰਾਹੀਂ ਪਸ਼ੂ ਪਾਲਕਾਂ ਦੀ ਆਮਦਨ 20 ਫੀਸਦੀ ਵਧਾਉਣ ਦੀ ਯੋਜਨਾ ਦਾ ਐਲਾਨ ਕੀਤੈ.
- ਰਾਸ਼ਟਰ ਅੱਜ ਭਾਰਤ ਰਤਨ ਡਾ. B. R. AMBEDKAR ਨੂੰ ਓਹਨਾਂ ਦੇ 70ਵੇਂ ਮਹਾਪਰੀਨਿਰਵਾਣ ਦਿਵਸ ‘ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ.
- ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਵਜੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੂਬੇ ਭਰ ਦੇ ਸਕੂਲਾਂ ਵਿੱਚ ਤਿੰਨ-ਰੋਜ਼ਾ ਵਿਦਿਅਕ ਸੈਸ਼ਨ ਕਰਵਾਏ ਜਾਣਗੇ
- ਮੌਸਮ ਵਿਭਾਗ ਨੇ ਪੰਜਾਬ, ਚੰਡੀਗੜ੍ਹ, ਤੇ ਹਰਿਆਣਾ ਵਿੱਚ ਸੀਤ ਲਹਿਰ ਦੀ ਸੰਭਾਵਨਾ ਪ੍ਰਗਟਾਈ ਏ ।

- ਭਾਰਤ ਨੇ FIH ਦੇ ਔਰਤਾਂ ਦੇ ਜੂਨੀਅਰ ਵਿਸ਼ਵ ਕੱਪ ਵਿੱਚ ਆਪਣੇ ਆਖਰੀ ਪੂਲ C ਮੈਚ ਵਿੱਚ ਆਇਰਲੈਂਡ ਉੱਤੇ 4-0 ਦੀ ਸ਼ਾਨਦਾਰ ਜਿੱਤ ਦਰਜ ਕੀਤੀ।

-----------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜਕੇ 30 ਮਿੰਟ 'ਤੇ ਨਮਸਕਾਰ !**